**VIGILANCE BUREAU PUNJAB**

# Vigilance registers disproportionate assets case against Roadways inspector

Chandigarh April 16: The Punjab Vigilance Bureau registered a case against Gurdeep Singh, Inspector posted at Punjab Roadways depot Amritsar for amassing huge wealth than the disclosed sources of his income by misusing his official position.

Disclosing this an official spokesperson of the Vigilance Bureau said during the investigation, the VB team have chosen a specific check period from the year 2011 to 2016 during which the accused was holding a responsible posting and found that Inspector Gurdeep Singh has got total income of Rs. 84,26,761/-. During the check period, he had spent Rs. 2,07,92,005/- on various moveable and immoveable properties including other expenditures, he added.

The spokesperson said a case had been registered against the accused under various sections of Prevention of Corruption Act at VB police station Amritsar.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਵੱਲੋਂ ਪੰਜਾਬ ਰੋਡਵੇਜ ਦੇ ਇੰਸਪੈਕਟਰ ਖਿਲਾਫ ਵੱਧ ਜਾਇਦਾਦ ਬਣਾਉਣ ਤਹਿਤ ਮੁਕੱਦਮਾ ਦਰਜ**

ਚੰਡੀਗੜ੍ਹ 16 ਅਪਰੈਲ : ਪੰਜਾਬ ਵਿਜੀਲੈਂਸ ਬਿਓਰੋ ਨੇ ਪੰਜਾਬ ਰੋਡਵੇਜ ਦੇ ਅੰਮ੍ਰਿਤਸਰ ਡਿੱਪੂ ਵਿਖੇ ਤਾਇਨਾਤ ਗੁਰਦੀਪ ਸਿੰਘ ਇੰਸਪੈਕਟਰ ਖਿਲਾਫ਼ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਤਹਿਤ ਮੁਕੱਦਮਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਵੱਲੋਂ ਸਾਲ 2011 ਤੋਂ 2016 ਦੇ ਸਮੇਂ ਦੌਰਾਨ ਗੁਰਦੀਪ ਸਿੰਘ ਇੰਸਪੈਕਟਰ ਵੱਲੋਂ ਵਿੱਤ ਤੋਂ ਵੱਧ ਜਾਇਦਾਦ ਬਣਾਉਣ ਸਬੰਧੀ ਪੜਤਾਲ ਕੀਤੀ ਗਈ ਜਿਸ ਵਿਚ ਇਸ ਇੰਸਪੈਕਟਰ ਵਲੋਂ ਇਸ ਸਮੇ ਦੌਰਾਨ ਆਪਣੇ ਜਾਣੂੰ ਵਸੀਲਿਆਂ ਤੋਂ ਪ੍ਰਾਪਤ ਕੁੱਲ ਆਮਦਨ ਨਾਲੋਂ 1,23,65,244/-ਰੁਪਏ ਦਾ ਵੱਧ ਖਰਚਾ ਕੀਤਾ ਗਿਆ ਜੋ ਕਿ ਅਸਲ ਆਮਦਨ ਨਾਲੋਂ 146.73 ਫੀਸਦੀ ਵੱਧ ਬਣਦਾ ਹੈ।

ਵਿਜੀਲੈਂਸ ਦੀ ਪੜਤਾਲ ਦੌਰਾਨ ਇਹ ਸਪੱਸ਼ਟ ਹੋਇਆ ਕਿ ਗੁਰਦੀਪ ਸਿੰਘ ਇੰਸਪੈਕਟਰ ਵੱਲੋਂ ਆਪਣੇ ਆਹੁਦੇ ਦੀ ਦੁਰਵਰਤੋਂ ਕਰਕੇ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਈ ਹੈ ਅਤੇ ਜਿਸ ਵਿਚ ਉਸ ਖਿਲਾਫ ਵਿਜੀਲੈਂਸ ਬਿਓਰੋ ਦੇ ਅੰਮ੍ਰਿਤਸਰ ਸਥਿਤ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਪੜਤਾਲ ਅਰੰਭ ਕਰ ਦਿੱਤੀ ਗਈ ਹੈ।